**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਕਮ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ,**
**ਐਸ.ਸੀ.ਓ. ਨੰ 104-106, ਸੈਕਟਰ 34-ਏ, ਚੰਡੀਗੜ੍ਹ**

ਸੇਵਾ ਵਿਖੇ

1. ਰਾਜ ਦੇ ਸਮੂਹ ਸਕੂਲਾਂ ਦੇ ਮੁੱਖੀ (ਵੈੱਬ ਸਾਇਟ ਰਾਹੀਂ)

2. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅਤੇ (ਐ.ਸਿ.)

ਮੀਮੋ ਨੰ ਸਸਅ/ਕੋਆਰਡੀਨੇਸ਼ਨ/75543
ਮਿਤੀ ਚੰਡੀਗੜ੍ਹ 13.12.2010

ਵਿਸ਼ਾ ਮਹੀਨੇ ਦੇ ਅਖੀਰਲੇ ਦਿਨ ਸਕੂਲਾਂ ਨੂੰ ਸਮੇ ਸਿਰ ਲਗਾਉਣ ਬਾਰੇ ।

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

2.0 ਪਿਛਲੇ ਦਿਨੀ ਪੰਜਾਬ ਰਾਜ ਦੇ ਸਰਕਾਰੀ ਸਕੂਲਾਂ ਦੇ ਨਿਰੀਖਣਾਂ ਦੌਰਾਨ ਅਤੇ ਸਕੂਲ ਮੁੱਖੀਆਂ ਨਾਲ ਮੀਟਿੰਗਾਂ ਕਰਨ ਤੇ ਇਹ ਗੱਲ ਧਿਆਨ ਵਿੱਚ ਆਈ ਹੈ ਕਿ ਕਈ ਮਹੀਨਿਆਂ / ਸਾਲਾਂ ਤੋਂ ਇਕ ਪਰੰਪਰਾ ਦੇ ਤੌਰ ਤੇ ਮਹੀਨੇ ਦੇ ਅਖੀਰਲੇ ਕੰਮ ਵਾਲੇ ਦਿਨ ਵਿਦਿਆਰਥੀਆਂ ਦੀ ਛੁੱਟੀ ਸਮੇ ਤੋਂ ਪਹਿਲਾਂ ਕਰ ਦਿੱਤੀ ਜਾਂਦੀ ਹੈ । ਇਸ ਸਬੰਧ ਵਿੱਚ ਇਹ ਸਪੱਸ਼ਟ ਕੀਤਾ ਜਾਂਦਾ ਹੈ ਕਿ ਸਕੂਲ ਮੁੱਖੀਆਂ ਵੱਲੋਂ ਆਪਣੀ ਪੱਧਰ ਤੇ ਇਸ ਤਰ੍ਹਾਂ ਕੀਤਾ ਜਾਣਾ ਸਰਕਾਰੀ ਨਿਯਮਾਂ ਦੀ ਸਰਾਸਰ ਉਲੰਘਣਾ ਹੈ ਅਤੇ ਇਸ ਬਾਰੇ ਸਰਕਾਰ ਜਾਂ ਵਿਭਾਗ ਦੀਆ ਕੋਈ ਹਦਾਇਤਾਂ ਨਹੀਂ ਹਨ ।

3.0 ਸਮੂਹ ਸਕੂਲ ਮੁੱਖੀਆਂ ਨੂੰ ਸ਼ਖਤ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਯਕੀਨੀ ਬਨਾਉਣ ਕਿ ਮਹੀਨੇ ਦੇ ਅਖੀਰਲੇ ਕੰਮ ਵਾਲੇ ਦਿਨ ਵਿਦਿਆਰਥੀਆਂ ਦੀ ਸਮੇ ਤੋਂ ਪਹਿਲਾਂ ਛੁੱਟੀ ਨਾ ਕੀਤੀ ਜਾਵੇ । ਜਿੱਥੇ ਇਸ ਤਰ੍ਹਾਂ ਦੀ ਗੱਲ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਲਈ ਸਕੂਲ ਮੁੱਖੀ ਪੂਰੀ ਤਰ੍ਹਾਂ ਜਿੰਮੇਵਾਰ ਹੋਵੇਗਾ ।

4.0 ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਹਦਾਇਤਾਂ ਕੀਤੀਆਂ ਜਾਂਦੀਆਂ ਹਨ ਕਿ ਉਹ ਇਸ ਗੱਲ ਨੂੰ ਯਕੀਨੀ ਬਨਾਉਣ ਕਿ ਸਕੂਲਾਂ ਵੱਲੋਂ ਇਸ ਤਰ੍ਹਾਂ ਦੀ ਕੋਈ ਛੁੱਟੀ ਨਹੀਂ ਕੀਤੀ ਜਾ ਰਹੀਂ ਹੈ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ